**1/31391/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

-ਮਿਸ਼ਨ ਫਤਿਹ-

ਮਿਸ਼ਨ ਫਤਿਹ ਕੋਵਿਡ-19 ਦੇ ਬਚਾਅ ਲਈ ਦਫਤਰਾਂ ਵਿੱਚ ਕੰਮ ਕਰਨ ਵਾਲੇ ਕਰਮਚਾਰੀਆਂ ਲਈ ਜ਼ਰੂਰੀ ਦਿਸ਼ਾ ਨਿਰਦੇਸ਼ ਜਾਰੀ-ਡਿਪਟੀ ਕਮਿਸ਼ਨਰ

*ਸਰਕਾਰ ਵੱਲੋਂ ਮਿਲੇ ਆਦੇਸ਼ਾ ਦੀ ਪਾਲਣਾ ਯਕੀਨੀ ਬਣਾਉਣ ਅਧਿਕਾਰੀ-ਸੰਧੂ

ਫਾਜ਼ਿਲਕਾ 5 ਜੂਨ:

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ ਕੋਰੋਨਾ ਵਾਇਰਸ ਨੂੰ ਠੱਲ ਪਾਉਣ ਦੇ ਮੰਤਵ ਨਾਲ ਜੋ ਮਿਸ਼ਨ ਫਤਿਹ ਚਲਾਇਆ ਗਿਆ ਹੈ, ਉਸ ਦੇ ਤਹਿਤ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਕੋਰੋਨਾ ਵਾਇਰਸ ਦੇ ਬਚਾਅ ਲਈ ਜ਼ਿਲ੍ਹੇ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਲਈ ਦਫਤਰੀ ਕੰਮ ਦੌਰਾਨ ਜਰੂਰੀ ਸਾਵਧਾਨੀਆਂ ਵਰਤਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਹਨ।

ਸ. ਸੰਧੂ ਨੇ ਕਿਹਾ ਕਿ ਹਰੇਕ ਸਰਕਾਰੀ ਕਰਮਚਾਰੀ ਕੋਵਿਡ-19 ਦੇ ਸਬੰਧ ਵਿੱਚ ਸਹੀ, ਸਮੇਂ ਸਿਰ ਅਤੇੇ ਪ੍ਰਮਾਨਿਕ ਜਾਣਕਾਰੀ ਲਈ ਪੰਜਾਬ ਸਰਕਾਰ ਦੁਆਰਾ ਵਿਕਸਤ ਕੋਵਾ ਐਪ ਡਾਊਨ ਲੋਡ ਕਰਨਗੇ। ਕਰਮਚਾਰੀਆਂ ਵਿਚਕਾਰ ਘੱਟੋ ਘੱਟ ਦੋ (2) ਮੀਟਰ ਦੀ ਦੂਰੀ ਨੂੰ ਰੱਖਣੀ ਯਕੀਨੀ ਬਣਾਉਂਦੇ ਹੋਏ ਦਫਤਰਾਂ ਵਿੱਚ ਬੈਠਣ ਦੀ ਵਿਵਸਥਾ ਕਰਨਗੇ। ਹਰੇਕ ਕਰਮਚਾਰੀ ਦਫ਼ਤਰੀ ਕੰਮ ਦੌਰਾਨ ਮੂੰਹ ਤੇ ਮਾਸਕ ਪਾਉਣਾ ਯਕੀਨੀ ਬਣਾਏਗਾ। ਉਨ੍ਹਾਂ ਕਿਹਾ ਕਿ ਮੈਨੁਅਲ ਪੱਤਰਾਂ ਨੋਟਿਸਾਂ, ਯਾਦ-ਪੱਤਰਾਂ ਅਤੇ ਆਦੇਸ਼ਾਂ ਦੇ ਸੰਚਾਰ ਅਤੇ ਭੌਤਿਕ ਫਾਈਲਾਂ ਦੀ ਵਰਤੋਂ ਤੋਂ ਪਰਹੇਜ਼ ਕੀਤਾ ਜਾਵੇ । ਦਫ਼ਤਰੀ ਕੰਮ, ਜਿੰਨਾ ਸੰਭਵ ਹੋ ਸਕੇ, ਈ-ਦਫਤਰ, ਅਧਿਕਾਰਤ ਈਮੇਲ, ਟੈਲੀਫੋਨ, ਐਸ.ਐਮ.ਐਸ. ਵਟਸਐਪ ਹੋਰ ਇਲੈਕਟ੍ਰੋਨਿਕਸ ਮਾਧਿਅਮ ਦੁਆਰਾ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਕਰਮਚਾਰੀਆਂ ਨੂੰ ਇਕ ਦੂਜੇ ਨੂੰ ਵਧਾਈ ਦੇਣ ਲਈ ਕਿਸੇ ਨਾਲ ਹੱਥ ਮਿਲਾਉਣ ਜਾਂ ਗਲੇ ਲੱਗਣ ਤੋਂ ਪਰਹੇਜ ਕਰਨ, ਕਰਮਚਾਰੀਆਂ ਨੂੰ ਦਫਤਰ ਵਿੱਚ ਬੇਲੋੜਾ ਘੁੰਮਣਾ ਨਹੀਂ ਚਾਹੀਦਾ ਅਤੇ ਉਨ੍ਹਾਂ ਨੂੰ ਸਿਰਫ ਉਨ੍ਹਾਂ ਦੀ ਨਿਰਧਾਰਤ ਜਗਾ ਤੋਂ ਹੀ ਕੰਮ ਕਰਨਾ ਚਾਹੀਦਾ ਹੈ। ਸਰਵਜਨਕ ਥਾਂ ਤੇ ਕਿਤੇ ਵੀ ਕਰਮਚਾਰੀਆਂ ਦਾ ਇਕੱਠ ਨਹੀਂ ਹੋਣਾ ਚਾਹੀਦਾ, ਜਿਵੇਂ ਕਿ ਗਲਿਆਰੇ, ਪਾਰਕਿੰਗ ਆਦਿ। ਉਨ੍ਹਾਂ ਕਿਹਾ ਕਿ ਕਰਮਚਾਰੀ ਆਪਸੀ ਗੱਲਬਾਤ ਲਈ ਇੰਟਰਕੌਮ ਇਲੈਕਟੋਨਿਕਸ ਮੀਡੀਆ ਦੀ ਵਰਤੋਂ ਕਰਨ ।

ਉਨ੍ਹਾਂ ਕਿਹਾ ਕਿ ਕਰਮਚਾਰੀ ਆਪਣੇ ਹੱਥਾਂ ਨੂੰ ਸਾਬਣ ਨਾਲ ਅਤੇ ਪਾਣੀ ਘੱਟੋ ਘੱਟ 20 ਤੋਂ 40 ਸੈਕਿੰਡ ਤੱਕ ਧੋਣ ਅਤੇ ਜੇਕਰ  ਕੋਈ ਕਰਮਚਾਰੀ ਬੁਖਾਰ ਜਾਂ ਕੋਵਿਡ-19 (ਖਾਂਸੀ/ਛਿੱਕਾਂ/ਸਾਹ ਲੈਣ ਵਿੱਚ ਮੁਸ਼ਕਲ), ਦੇ ਲੱਛਣਾਂ ਤੋਂ ਪੀੜਤ ਹੈ ਤਾਂ ਉਸ ਕਰਮਚਾਰੀ ਨੂੰ ਸਵੈ-ਇੱਛਾ ਨਾਲ ਦਫ਼ਤਰ ਦੇ ਮੱੁਖੀ ਨੂੰ ਜਰੂਰ ਸੂਚਿਤ ਕਰਨਾ ਚਾਹੀਦਾ ਹੈ । ਏਅਰ ਕੰਡੀਸ਼ਨਰ ਦਾ ਤਾਪਮਾਨ 24-30 ਸੈਂਟੀਗਰੇਡ ਦੇ ਵਿਚਕਾਰ ਰੱਖਿਆ ਜਾਵੇ । ਵੈਂਟੀਲੇਸ਼ਨ ਲਈ ਦਫਤਰ ਦੀਆਂ ਖਿੜਕੀਆਂ ਨੂੰ ਖੋਲ੍ਹ ਕੇ ਰੱਖਿਆ ਜਾਵੇ ਅਤੇ ਦਫਤਰ ਵਿਚ ਨਮੀ ਨੂੰ 40-70 ਪ੍ਰਤੀਸ਼ਤ ਤਕ ਮੇਨਟੇਨ ਕੀਤਾ ਜਾਵੇ।

**1/31423/2020**

ਸੂਚਨਾ 'ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

ਮਿਸ਼ਨ ਫਤਿਹ ਤਹਿਤ ਜ਼ਿਲ੍ਹੇ ਦੇ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ 92 ਫੀਸਦੀ

ਅਨਾਜ ਦੀ ਵੰਡ ਮੁਕੰਮਲ ਹੋਈ-ਡਿਪਟੀ ਕਮਿਸ਼ਨਰ

*ਸਮੁੱਚੀ ਵੰਡ ਪ੍ਰਕਿਰਿਆ ਦੌਰਾਨ ਲੋਕਾਂ ਨੂੰ ਸਾਮਾਜਿਕ ਦੂਰੀ ਬਣਾਉਣ ਲਈ ਕੀਤਾ ਜਾ ਰਿਹੈ ਪ੍ਰੇਰਿਤ

ਫਾਜਿਲਕਾ, 5 ਜੂਨ

ਜ਼ਿਲ੍ਹੇ ਅੰਦਰ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੇ ਗਏ ਮਿਸ਼ਨ ਫਤਿਹ ਤਹਿਤ ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਦੀ ਵੰਡ ਦੇ ਕੰਮ ਨੂੰ 92 ਫ਼ੀਸਦੀ ਮੁਕੰਮਲ ਕਰ ਲਿਆ ਗਿਆ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ ਤਿੰਨ ਮਹੀਨਿਆਂ ਲਈ ਪ੍ਰਤੀ ਵਿਅਕਤੀ 15 ਕਿਲੋ ਕਣਕ ਅਤੇ 3 ਕਿਲੋ ਦਾਲ ਪ੍ਰਤੀ ਪਰਿਵਾਰ ਨੂੰ ਰਾਸ਼ਨ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਸ. ਸੰਧੂ ਨੇ ਦੱਸਿਆ ਕਿ ਸਮਾਰਟ ਰਾਸ਼ਨਕਾਰਡ ਧਾਰਕਾਂ ਨੂੰ ਸੁਚਾਰੂ ਢੰਗ ਨਾਲ ਮੁਫ਼ਤ ਅਨਾਜ ਦੀ ਵੰਡ ਕੀਤੀ ਜਾ ਰਹੀ ਹੈ। ਅਨਾਜ ਵੰਡ ਸਮੇਂ ਵਿਸੇਸ ਤੌਰ 'ਤੇ ਕੋਵਿਡ 19 ਦੇ ਪ੍ਰਕੋਪ ਨੂੰ ਰੋਕਣ ਲਈ ਹਰੇਕ ਵਿਅਕਤੀ ਨੂੰ ਸਾਮਾਜਿਕ ਦੂਰੀ ਬਣਾਉਣ ਅਤੇ ਮਾਸਕ ਪਾਉਣ ਲਈ ਵਿਸੇਸ ਤੌਰ ਤੇ ਪ੍ਰੇਰਿਤ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਅਨਾਜ ਵੰਡ ਦੇ ਰਹਿੰਦੇ ਕੰਮ ਨੂੰ ਜਲਦ ਹੀ ਮੁਕੰਮਲ ਕਰ ਲਿਆ ਜਾਵੇਗਾ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀ ਰਾਜਰਿਸ਼ੀ ਮਹਿਰਾ ਨੇ ਦੱਸਿਆ ਕਿ ਕੌਮੀ ਅੰਨ ਸੁਰੱਖਿਆ ਮਿਸ਼ਨ ਤਹਿਤ ਜ਼ਿਲੇ ਦੇ ਕਰੀਬ ਡੇਢ ਲੱਖ ਸਮਾਰਟ ਰਾਸ਼ਨ ਕਾਰਡ ਧਾਰਕ ਹਨ, ਜਿਨ੍ਹਾਂ ਵਿੱਚੋਂ 1 ਲੱਖ 42 ਹਜਾਰ ਤੋਂ ਵਧੇਰੇ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ ਕਵਰ ਕਰ ਲਿਆ ਗਿਆ ਹੈ। ਇਹ ਅਨਾਜ ਅਪਰੈਲ ਤੋਂ ਜੂਨ ਤੱਕ ਤਿੰਨ ਮਹੀਨਿਆਂ ਦਾ ਦਿੱਤਾ ਜਾ ਰਿਹਾ ਹੈ, ਜਿਸ ਤਹਿਤ ਉਨਾਂ ਪਾਸੋਂ ਕੋਈ ਪੈਸਾ ਨਹੀਂ ਲਿਆ ਜਾ ਰਿਹਾ।

ਉਨਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿੱਤੇ ਜਾਣ ਵਾਲੇ ਅਨਾਜ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਾ ਕਰਨ ਦੀਆਂ ਹਦਾਇਤਾਂ ਤਹਿਤ ਲਾਭਪਾਤਰੀਆਂ ਤੱਕ ਗੁਣਵੱਤਾ ਭਰਪੂਰ ਅਨਾਜ ਹੀ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 81570 ਕੁਇੰਟਲ ਕਣਕ ਅਤੇ 3856 ਕੁਇੰਟਲ ਦਾਲ ਦੀ ਮੁਫ਼ਤ ਵੰਡ ਕੀਤੀ ਜਾ ਚੁੱਕੀ ਹੈ।

**1/31424/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਮਾਸਕ ਨਾ ਪਾਉਣ ਵਾਲਿਆਂ ਨੂੰ ਕੀਤਾ 8.79 ਲੱਖ ਰੁਪਏ ਦਾ ਜੁਰਮਾਨਾ-ਐਸ.ਐਸ.ਪੀ

*ਜਨਤਕ ਖੇਤਰ ਵਿੱਚ ਥੁੱਕਣ ਵਾਲਿਆ ਨੂੰ 28 ਹਜ਼ਾਰ ਰੁਪਏ ਦਾ ਜ਼ੁਰਮਾਨਾ

*ਲੋਕਾਂ ਨੂੰ ਕੋਵਿਡ 19 ਦੇ ਫੈਲਾਅ ਨੂੰ ਰੋਕਣ ਲਈ ਸਹਿਯੋਗ ਕਰਨ ਦੀ ਅਪੀਲ

ਫ਼ਾਜ਼ਿਲਕਾ, 5 ਜੂਨ:

ਪੰਜਾਬ ਸਰਕਾਰ ਵੱਲੋ ਕਰੋਨਾ ਮਹਾਂਮਾਰੀ ਦੇ ਫੇੈਲਾਅ ਨੂੰ ਰੋਕਣ ਲਈ ਸ਼ੁਰੂ ਕੀਤੇ ਗਏ ਮਿਸ਼ਨ ਫਤਿਹ ਤਹਿਤ ਕੋਵਿਡ ਨੂੰ ਹਰਾਉਣ ਲਈ ਮਾਸਕ ਪਾਉਣਾ ਲਾਜਮੀ ਬਣਾਇਆ ਗਿਆ ਹੈ ਅਤੇ ਨਾਲ ਹੀ ਜਨਤਕ ਥਾਵਾਂ ਤੇ ਥੁੱਕਣ 'ਤੇ ਜੁਰਮਾਨਾ ਨਿਸ਼ਚਿਤ ਕੀਤਾ ਗਿਆ ਹੈ, ਤਾਂ ਜੋ ਕਰੋਨਾ ਦੇ ਪ੍ਰਕੋਪ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਜ਼ਿਲ੍ਹਾ ਪੁਲਿਸ ਮੁਖੀ ਸ੍ਰੀ ਹਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਫ਼ਾਜਿਲਕਾ ਵੱਲੋ ਰਾਜ ਸਰਕਾਰ ਦੇ ਹੁਕਮਾਂ ਦੀ ਇੰਨ ਬਿੰਨ ਪਾਲਣਾ ਕਰਦੇ ਹੋਏ ਨਾਕੇ ਲਗਾਕੇ ਉਲੰਘਣਾ ਕਰਨ ਵਾਲਿਆ ਦੇ ਚਾਲਾਨ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 21 ਮਈ ਤੋ ਲੈ ਕੇ 4 ਜੂਨ ਤੱਕ ਕੁੱਲ 3213 ਵਿਅਕਤੀਆ ਨੂੰ ਮਾਸਕ ਨਾ ਪਾਉਣ ਲਈ ਚਲਾਨ ਕੀਤਾ ਗਿਆ ਹੈ ਜਿਸ ਰਾਹੀ 8,79,900 ਲੱਖ ਰੁਪਏ ਦਾ ਜੁਰਮਾਨਾ ਕੀਤਾ ਗਿਆ ਹੈ। ਇਸੇ ਤਰ੍ਹਾਂ ਜਨਤਕ ਥਾਵਾਂ ਤੇ ਥੁੱਕਣ ਵਾਲੇ 225 ਲੋਕਾਂ ਨੂੰ 28 ਹਜ਼ਾਰ ਰੁਪਏ ਦਾ ਜੁਰਮਾਨਾ ਕੀਤਾ ਗਿਆ।

ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੇ ਕਰੋਨਾ ਸਬੰਧੀ ਹੁਕਮਾਂ ਦੀ ਇਨ ਬਿੰਨ ਪਾਲਣਾ ਕਰਨ। ਇਹ ਹੁਕਮਾਂ ਦੀ ਪਾਲਣਾ ਕੇਵਲ ਜੁਰਮਾਨੇ ਦੇ ਡਰ ਤੋ ਨਾ ਕੀਤੀ ਜਾਵੇ ਬਲਕਿ ਹਰ ਇੱਕ ਵਿਅਕਤੀ ਇਨ੍ਹਾਂ ਹੁਕਮਾਂ ਦੀ ਪਾਲਣਾ ਨੂੰ ਆਪਣੀ ਨਿੱਜੀ ਜਿੰਮੇਵਾਰੀ ਸਮਝ ਕੇ ਕਰੋਨਾ ਦੇ ਫੈਲਾਅ ਨੂੰ ਰੋਕਣ ਵਿੱਚ ਆਪਣਾ ਅਹਿਮ ਯੋਗਦਾਨ ਦੇਣਾ  ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਡਾ ਫ਼ਰਜ਼ ਬਣਦਾ ਹੈ ਕਿ ਅਸੀਂ ਬਿਨ੍ਹਾਂ ਮਤਲਬ ਘਰ ਤੋਂ ਬਾਹਰ ਨਾ ਜਾਈਏ, ਕੰਮ ਹੋਣ 'ਤੇ ਹੀ ਘਰ ਤੋਂ ਬਾਹਰ ਨਿਕਲਿਆ ਜਾਵੇ ਅਤੇ ਬਾਹਰ ਜਾਣ ਵੇਲੇ ਮਾਸਕ ਪਾਉਣ ਅਤੇ ਸਮਾਜਿਕ ਦੂਰੀਆਂ ਦਾ ਵਿਸ਼ੇਸ਼ ਧਿਆਨ ਰੱਖੀਏ।

**1/31435/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਾਜ਼ਿਲਕਾ

ਮਿਸ਼ਨ ਫਤਿਹ ਤਹਿਤ ਟਿੱਡੀ ਦਲ ਦੀ ਰੋਕਥਾਮ ਲਈ ਖੇਤੀਬਾੜੀ ਵਿਭਾਗ ਵਲੋਂ ਪਿੰਡਾਂ ਵਿਚ

ਲਗਾਏ ਜਾ ਰਹੇ ਹਨ ਜਾਗਰੂਕਤਾ ਕੈਂਪ

* ਕਿਸਾਨਾਂ ਨੂੰ ਸੰਭਾਵਿਤ ਟਿੱਡੀ ਦਲ ਦੇ ਹਮਲੇ ਨਾਲ ਨਿਪਟਣ ਬਾਰੇ ਦਿੱਤੀ ਜਾਣਕਾਰੀ

ਫ਼ਾਜ਼ਿਲਕਾ 5 ਜੂਨ

ਮਿਸ਼ਨ ਫਤਿਹ ਤਹਿਤ ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਦੀਆਂ ਹਦਾਇਤਾਂ ਤੇ ਖੇਤੀਬਾੜੀ ਵਿਭਾਗ ਵਲੋਂ ਟਿੱਡੀ ਦਲ ਦੀ ਰੋਕਥਾਮ ਲਈ ਜ਼ਿਲ੍ਹੇ ਦੇ ਪਿੰਡਾਂ ਵਿੱਚ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾ. ਮਨਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿਖੇ ਜਾਗਰੂਕਤਾ ਕੈਂਪ ਲਗਾ ਕੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।

ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਬਲਾਕ ਖੇਤੀਬਾੜੀ ਅਫ਼ਸਰਾਂ ਵੱਲੋਂ ਜ਼ਿਲ੍ਹੇ ਦੇ ਪਿੰਡ ਮਾਹੂਆਣਾ ਬੋਦਲਾ, ਡੱਬਵਾਲਾ ਕਲਾਂ, ਇਸਲਾਮ ਵਾਲਾ ਅਤ ਜੋੜਕੀ ਅੰਧੇਵਾਲੀ ਵਿਖੇ ਜਾ ਕੇ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਟਿੱਡੀ ਦਲ ਦਾ ਹਾਲੇ ਤੱਕ ਭਾਵੇਂ ਕੋਈ ਖਤਰਾ ਨਹੀਂ, ਪਰ ਸਾਨੂੰ ਸੁਚੇਤ ਰਹਿਣ ਅਤੇ ਅਗਾਊ ਪ੍ਰਬੰਧਾਂ ਨੂੰ ਮੁਕੰਮਲ ਕਰਨ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਸੰਭਾਵਿਤ ਟਿੱਡੀ ਦਲ ਦੇ ਹਮਲੇ ਨਾਲ ਨਿਪਟਣ ਬਾਰੇ ਵੀ ਜਾਣਕਾਰੀ ਦਿੱਤੀ ਜਾ ਰਹੀ ਹੈ ਤਾਂ ਜੋ ਮੌਕੇ 'ਤੇ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆ ਸਕੇ।

ਇਸ ਦੌਰਾਨ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਕਿਸਾਨਾਂ ਦੇ ਖੇਤਾਂ ਦਾ ਵੀ ਨਿਰੀਖਣ ਕੀਤਾ ਜਾ ਰਿਹਾ ਹੈ ਤੇ ਹਰ ਸਥਿਤੀ ਦਾ ਜਾਇਜ਼ਾ ਲਿਆ ਜਾ ਰਿਹਾ ਹੈ। ਕੈਂਪਾਂ ਦੌਰਾਨ ਪਿੰਡਾਂ ਦੇ ਸਰਪੰਚਾਂ ਅਤੇ ਨੰਬਰਦਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸ਼ਾਮਲ ਕੀਤਾ ਜਾ ਰਿਹਾ ਹੈ।

ਇਸ ਮੌਕੇ ਅੰਮ੍ਰਿਤ ਕਿਰਪਾਲ ਸਿੰਘ, ਰਾਜ ਦਵਿੰਦਰ ਸਿੰਘ, ਹਰਪ੍ਰੀਤ ਸਿੰਘ ਅਤੇ ਅਜੈ ਕੁਮਾਰ ਮੌਜੂਦ ਸਨ।

**1/31473/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫਤਰ, ਫ਼ਾਜਿਲਕਾ

ਵਿਸ਼ਵ ਵਾਤਾਵਰਣ ਦਿਸਵ ਮੌਕੇ ਨਗਰ ਕੌਂਸਲ ਵੱਲੋਂ 20 ਪੌਦੇ ਲਗਾਏ

*ਸਹਿਰ ਨੰੂ ਸਾਫ਼ ਸੁਥਰਾ ਬਣਾਈ ਰੱਖਣ ਲਈ ਮਿਸ਼ਨ ਫਤਹਿ ਮੁਹਿੰਮ ’ਚ ਨਗਰ ਕੋਸਲ ਨੰੂ

ਸਹਿਯੋਗ ਕਰਨ ਸ਼ਹਿਰ ਵਾਸੀ-ਰਜ਼ਨੀਸ ਕੁਮਾਰ

* ਜ਼ਿਲ੍ਹਾ ਵਾਸੀਆਂ ਨੂੰ ਪਲਾਸਟਿਕ ਦੇ ਬਣੇ ਪੋਲੀਥੀਨ ਦੀ ਵਰਤੋਂ

ਨਾ ਕਰਨ ਬਾਰੇ ਜਾਗਰੂਕ ਕੀਤਾ

ਫ਼ਾਜ਼ਿਲਕਾ, 5 ਜੂਨ

ਵਿਸ਼ਵ ਵਾਤਾਵਰਣ ਦਿਵਸ ਮੌਕੇ ਨਗਰ ਕੌਂਸਲ ਫ਼ਾਜ਼ਿਲਕਾ ਵੱਲੋਂ ਰੇਲਵੇ ਰੋਡ ਨਹਿਰੀ ਪਾਣੀ ਪ੍ਰੋਜੈਕਟ ’ਤੇ ਬਣੇ ਕੰਪੋਸਟ ਯੁਨਿਟਾਂ ’ਤੇ ਵੱਖ-ਵੱਖ ਤਰ੍ਹਾਂ ਦੇ 20 ਪੌਦੇ ਲਗਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਂਰਜ ਸਾਧਕ ਅਫ਼ਸਰ ਰਜਨੀਸ਼ ਕੁਮਾਰ ਨੇ ਦੱਸਿਆ ਕਿ ਸਾਫ਼-ਸੁਥਰਾ ਵਾਤਾਵਰਣ ਬਰਕਰਾਰ ਰੱਖਣ ਲਈ ਰੁਖਾਂ ਦਾ ਬਹੁਤ ਮਹੱਤਵਪੂਰਨ ਰੋਲ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਾਡਾ ਕੰਮ ਪੌਦੇ ਲਗਾਉਣ ਤੱਕ ਹੀ ਖਤਮ ਨਹੀਂ ਹੁੰਦਾ ਸਗੋਂ ਇਸ ਦੀ ਸਾਂਭ-ਸੰਭਾਲ ਬਹਤੁ ਜ਼ਰੂਰੀ ਹੈ।

ਉਨ੍ਹਾਂ ਸ਼ਹਿਰ ਵਾਸੀਆਂ ਨੰੂ ਵਾਤਾਰਵਣ ਨੰੂ ਦੂਸ਼ਿਤ ਹੋਣ ਤੋਂ ਬਚਾਉਣ ਅਤੇ ਸ਼ਹਿਰ ਨੰੂ ਸਾਫ਼ ਸੁਥਰਾ ਬਣਾਈ ਰੱਖਣ ਲਈ ਮਿਸ਼ਨ ਫਤਹਿ ਮੁਹਿੰਮ ’ਚ ਨਗਰ ਕੋਸਲ ਨੰੂ ਸਹਿਯੋਗ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੀ ਸਹੂਲਤ ਲਈ ਇਕ ਇਲੈਕਟ੍ਰਾਨਿਕ ਵੇਸਟ ਬਾਕਸ ਹੋਟਲਾ ਬਾਜਾਰ ਨੇੜੇ ਪ੍ਰਤਾਪ ਬਾਗ ਵਿਖੇ ਸਥਾਪਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਬਾਕਸ ਲਗਾਉਣ ਦਾ ਮੰਤਵ ਰੋਜ਼ਾਨਾ ਦੀਆਂ ਇਲੈਕਟ੍ਰਾਨਿਕ ਵਸਤਾਂ ਪੁਰਾਣੇ ਮੋਬਾਈਲ ਫੋਨ, ਬੈਟਰੀਆਂ, ਸੈਲ, ਪੁਰਾਣੀਆਂ ਘੜੀਆਂ ਅਤੇ ਕੰਪਿਉਟਰ ਆਦਿ ਦਾ ਸਮਾਨ ਜੋ ਕਿ ਖਰਾਬ ਹੋ ਜਾਂਦਾ ਹੈ, ਉਸਨੂੰ ਖੁਲ੍ਹੇ ਵਿੱਚ ਨਾ ਸੁਟ ਕੇ ਉਸ ਬਾਕਸ ਵਿਚ ਪਾਇਆ ਜਾਵੇ ਅਤੇ ਇਸ ਦੇ ਨਾਲ-ਨਾਲ ਪਲਾਸਟਿਕ ਕੁਲੈਕਸਨ ਬਾਕਸ ਵੀ ਲਗਾਇਆ ਗਿਆ ਜਿਸ ਵਿਚ ਪਲਾਸਟਿਕ ਬੋਤਲਾਂ, ਪਲਾਸਟਿਕ ਕਚਰਾ ਪਾਇਆ ਜਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਵੱਲੋਂ ਜ਼ਿਲ੍ਹਾ ਵਾਸੀਆਂ ਨੂੰ ਪਲਾਸਟਿਕ ਦੇ ਬਣੇ ਪੋਲੀਥੀਨ ਦੀ ਵਰਤੋਂ ਨਾ ਕਰਨ ਬਾਰੇ ਜਾਗਰੂਕ ਕੀਤਾ ਗਿਆ ਅਤੇ ਕੱਪੜੇ ਦੇ ਬਣੇ 20 ਬੈਗਾਂ ਦੀ ਵੰਡ ਕੀਤੀ। ਉਨ੍ਹਾਂ ਕਿਹਾ ਕਿ ਪਲਾਸਟਿਕ ਦੇ ਬੈਗ ਪਸ਼ੂਆਂ ਲਈ ਵੀ ਹਾਨੀਕਾਰਕ ਹੁੰਦੇ ਹਨ, ਇਸ ਲਈ ਕੱਪੜੇ ਦੇ ਬਣੇ ਬੈਗਾਂ ਦੀ ਵਰਤੋਂ ਕਰਨੀ ਯਕੀਨੀ ਬਣਾਈ ਜਾਵੇ।

ਇਸ ਮੌਕੇ ਸੈਨੇਟਰੀ ਇੰਸਪੈਕਟਰ ਨਰੇਸ਼ ਖੇੜਾ, ਮੋਟੀਵੇਟਰ ਰਾਜ ਕੁਮਾਰ, ਸੰਤੋਸ਼ ਰਾਣੀ, ਸੁਪਰਵਾਈਜ਼ਰ ਸੁਰਜ ਕੁਮਾਰ, ਰਾਜੇਸ਼ ਕੁਮਾਰ, ਸਫ਼ਾਈ ਸੇਵਾ ਲਵ ਕੁਸ਼ ਤੇ ਬਲਰਾਜ ਮੌਜੂਦ ਸਨ।